ਕਲਿਆਨ ਮਹਲਾ ੫ ॥ ਜਾਚਿਕੁ ਨਾਮੁ ਜਾਚੈ ਜਾਚੈ ॥ ਸਰਬ ਧਾਰ ਸਰਬ ਕੇ ਨਾਇਕ ਸੁਖ ਸਮੂਹ ਕੇ ਦਾਤੇ ॥੧॥ ਰਹਾਉ ॥ ਕੇਤੀ ਕੇਤੀ ਮਾਂਗਨਿ ਮਾਗੈ ਭਾਵਨੀਆ ਸੋ ਪਾਈਐ ॥੧॥ ਸਫਲ ਸਫਲ ਸਫਲ ਦਰਸੁ ਰੇ ਪਰਸਿ ਪਰਸਿ ਗੁਨ ਗਾਈਐ ॥ ਨਾਨਕ ਤਤ ਤਤ ਸਿਉ ਮਿਲੀਐ ਹੀਰੈ ਹੀਰੁ ਬਿਧਾਈਐ ॥੨॥੨॥ {ਪੰਨਾ 1321}

ਪਦ ਅਰਥ:- ਜਾਚਿਕੁ—ਮੰਗਤਾ। ਜਾਚੈ—ਮੰਗਦਾ ਹੈ। ਜਾਚੈ ਜਾਚੈ—ਨਿੱਤ ਮੰਗਦਾ ਰਹਿੰਦਾ ਹੈ। ਸਰਬ ਧਾਰ—ਹੇ ਸਭ ਜੀਵਾਂ ਦੇ ਆਸਰੇ! ਨਾਇਕ—ਹੇ ਮਾਲਕ! ਸਮੂਹ ਸੁਖ—ਸਾਰੇ ਸੁਖ। ਦਾਤੇ—ਹੇ ਦੇਣ ਵਾਲੇ!।1। ਰਹਾਉ।

ਕੇਤੀ ਕੇਤੀ—ਬੇਅੰਤ ਲੁਕਾਈ। ਮਾਂਗਨਿ ਮਾਗੈ—ਹਰੇਕ ਮੰਗ ਮੰਗਦੀ ਰਹਿੰਦੀ ਹੈ। ਭਾਵਨੀਆ—ਮਨ ਦੀ ਮੁਰਾਦ। ਪਾਈਐ—ਪ੍ਰਾਪਤ ਕਰ ਲਈਦੀ ਹੈ।1।

ਸਫਲ ਦਰਸੁ—ਉਹ ਜਿਸ ਦਾ ਦਰਸਨ ਸਾਰੇ ਫਲ ਦੇਣ ਵਾਲਾ ਹੈ। ਰੇ—ਹੇ ਭਾਈ! ਪਰਸਿ—ਛੁਹ ਕੇ। ਪਰਸਿ ਪਰਸਿ—ਨਿਤ ਛੁਹ ਕੇ। ਗਾਈਐ—ਆਓ ਗਾਂਦੇ ਰਹੀਏ। ਮਿਲੀਐ—ਮਿਲ ਜਾਈਦਾ ਹੈ। ਤਤ ਤਤ ਸਿਉ—(ਜਿਵੇਂ ਪਾਣੀ ਆਦਿਕ) ਤੱਤ (ਪਾਣੀ) ਤਤ ਨਾਲ। ਹੀਰੈ—ਹੀਰੇ ਨਾਲ। ਹੀਰ ਬਿਧਾਈਐ—ਹੀਰਾ ਵਿੰਨ੍ਹ ਲਈਦਾ ਹੈ।2।

ਅਰਥ:- ਹੇ ਸਭ ਜੀਵਾਂ ਦੇ ਆਸਰੇ ਪ੍ਰਭੂ! ਹੇ ਸਭ ਜੀਵਾਂ ਦੇ ਮਾਲਕ! ਹੇ ਸਾਰੇ ਸੁਖਾਂ ਦੇ ਦੇਣ ਵਾਲੇ! (ਤੇਰੇ ਦਰ ਦਾ) ਮੰਗਤਾ (ਤੇਰੇ ਦਰ ਤੋਂ) ਨਿੱਤ ਮੰਗਦਾ ਰਹਿੰਦਾ ਹੈ।1। ਰਹਾਉ।

ਹੇ ਭਾਈ! ਬੇਅੰਤ ਲੁਕਾਈ (ਪ੍ਰਭੂ ਦੇ ਦਰ ਤੋਂ) ਹਰੇਕ ਮੰਗ ਮੰਗਦੀ ਰਹਿੰਦੀ ਹੈ, ਜਿਹੜੀ ਭੀ ਮਨ ਦੀ ਮੁਰਾਦ ਹੁੰਦੀ ਹੈ ਉਹ ਹਾਸਲ ਕਰ ਲਈਦੀ ਹੈ।1।

ਹੇ ਭਾਈ! ਪ੍ਰਭੂ ਐਸਾ ਹੈ ਜਿਸ ਦਾ ਦਰਸਨ ਸਾਰੇ ਹੀ ਫਲ ਦੇਣ ਵਾਲਾ ਹੈ। ਆਓ ਉਸ ਦੇ ਚਰਨ ਸਦਾ ਛੁਹ ਛੁਹ ਕੇ ਉਸ ਦੇ ਗੁਣ ਗਾਂਦੇ ਰਹੀਏ। ਹੇ ਨਾਨਕ! (ਜਿਵੇਂ ਪਾਣੀ ਆਦਿਕ) ਤੱਤ (ਪਾਣੀ) ਤੱਤ ਨਾਲ ਮਿਲ ਜਾਂਦਾ ਹੈ (ਤਿਵੇਂ ਗੁਣ ਗਾਵਣ ਦੀ ਬਰਕਤਿ ਨਾਲ) ਮਨ-ਹੀਰਾ ਪ੍ਰਭੂ-ਹੀਰੇ ਨਾਲ ਵਿੰਨ੍ਹ ਲਈਦਾ ਹੈ।2। 2।